15ਵੀਂ ਵਿਧਾਨ ਸਭਾ
14ਵਾਂ ਸਮਾਗਮ (ਬਜਟ)

# ਪੰਜਾਬ ਵਿਧਾਨ ਸਭਾ
ਬੁਲੇਟਿਨ ਨੰ: 2
ਮੰਗਲਵਾਰ, 2 ਮਾਰਚ, 2021
(10.00 ਵਜੇ ਸਵੇਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 9 | 7 | 4 | 0 | 13 |

(ਅ) ਬਿਨ੍ਹਾਂ ਨਿਸ਼ਾਨ ਵਾਲੇ ਪ੍ਰਸ਼ਨ: 18

2. **ਮਾਨਯੋਗ ਸਪੀਕਰ ਦੁਆਰਾ ਐਲਾਨ**

(i) **ਸਭਾਪਤੀ ਨਾਮਾਂਵਲੀ ਸਬੰਧੀ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13(1) ਦੇ ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ
2. ਸਰਦਾਰ ਗੁਰਕੀਰਤ ਸਿੰਘ ਕੋਟਲੀ
3. ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

(ii) **ਰਾਜਪਾਲ ਦੇ ਭਾਸ਼ਣ ਸਬੰਧੀ**

ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 18 ਦੀ ਪੈਰਵੀ ਵਿਚ ਮਾਨਯੋਗ ਸਪੀਕਰ ਵਲੋਂ ਦੱਸਿਆ ਗਿਆ ਕਿ ਰਾਜਪਾਲ ਜੀ ਨੇ ਸੰਵਿਧਾਨ ਦੇ ਅਨੁਛੇਦ 176 (1) ਅਧੀਨ 1 ਮਾਰਚ, 2021 ਨੂੰ 11.00 ਵਜੇ ਸਵੇਰ ਪੰਜਾਬ ਵਿਧਾਨ ਸਭਾ ਨੂੰ ਭਾਸ਼ਣ ਦੇਣ ਦੀ ਕ੍ਰਿਪਾਲਤਾ ਕੀਤੀ ਹੈ। ਮਾਨਯੋਗ ਸਪੀਕਰ ਵਲੋਂ ਭਾਸ਼ਣ ਦੀ ਇਕ ਕਾਪੀ ਸਦਨ ਦੀ ਮੇਜ਼ ਤੇ ਰੱਖੀ ਗਈ।

3. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਦੱਸਵੇਂ (ਵਿਸ਼ੇਸ਼) / ਗਿਆਰਵੇਂ / ਬਾਰ੍ਹਵੇਂ / ਤੇਰ੍ਹਵੇਂ (ਵਿਸ਼ੇਸ਼) ਸਮਾਗਮਾਂ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. **ਮਾਨਯੋਗ ਸਪੀਕਰ ਦੁਆਰਾ ਐਲਾਨ**

"ਮੈਂ ਸਦਨ ਨੂੰ ਸੂਚਿਤ ਕਰਨਾ ਚਾਹੁੰਦਾ ਹਾਂ ਕਿ ਭਾਰਤ ਸਰਕਾਰ ਦੇ ਸੰਸਦੀ ਕਾਜ ਮੰਤਰਾਲੇ ਵੱਲੋਂ ਡਿਜ਼ੀਟਲ ਇੰਡੀਆ ਪ੍ਰੋਗਰਾਮ ਦੇ ਤਹਿਤ ਸਾਰੇ ਭਾਰਤ ਦੀਆਂ ਵਿਧਾਨਕ ਸੰਸਥਾਵਾਂ ਵਾਸਤੇ ਈ-ਵਿਧਾਨ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ ਅਤੇ ਇਸ ਵਾਸਤੇ ਨੈਸ਼ਨਲ ਈ-ਵਿਧਾਨ ਐਪਲੀਕੇਸ਼ਨ (NeVA) ਤਿਆਰ ਕੀਤੀ ਗਈ ਹੈ। ਇਸ ਦੇ ਲਾਗੂ ਹੋਣ ਨਾਲ ਸਦਨ ਵਿੱਚ ਰੱਖੇ ਜਾਣ ਵਾਲੇ ਕਾਗਜ਼-ਪੱਤਰ ਡਿਜ਼ੀਟਾਈਜ਼ ਤਰੀਕੇ ਨਾਲ ਰੱਖੇ ਜਾਣਗੇ। ਵਿਧਾਨ ਸਭਾ ਤੇ ਇਸ ਦੇ ਮਾਨਯੋਗ ਮੈਂਬਰਾਂ ਵਿਚਕਾਰ ਅਤੇ ਵਿਧਾਨ ਸਭਾ ਤੇ ਰਾਜ ਦੇ ਸਾਰੇ ਵਿਭਾਗਾਂ ਵਿਚਕਾਰ ਸੂਚਨਾ ਦਾ ਆਦਾਨ ਪ੍ਰਦਾਨ ਵੀ ਇਲੈਕਟ੍ਰੋਨਿਕ ਤਰੀਕੇ ਨਾਲ ਸ਼ੁਰੂ ਹੋ ਜਾਵੇਗਾ। ਇਸ ਤਰ੍ਹਾਂ ਵਿਧਾਨ ਸਭਾ ਦੀ ਕਾਰਵਾਈ ਪੇਪਰਲੈੱਸ ਹੋ ਜਾਵੇਗੀ, ਜਿਸ ਨਾਲ ਹਰ ਸਾਲ ਬਹੁਤ ਸਾਰੇ ਪੇਪਰ ਅਤੇ ਪੈਸੇ ਦੀ ਬੱਚਤ ਹੋਣ ਨਾਲ ਸਰਕਾਰ ਨੂੰ ਹਰ ਸਾਲ ਕਰੋੜਾਂ ਰੁਪਏ ਦਾ ਫਾਇਦਾ ਹੋਵੇਗਾ।

ਮੈਨੂੰ ਆਪ ਸਭ ਨੂੰ ਇਹ ਦੱਸਣ ਵਿੱਚ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਦੇਸ਼ ਦੇ ਸਾਰੇ ਸੂਬਿਆਂ ਵਿਚੋਂ ਸਾਡੇ ਸੂਬੇ ਨੇ ਸਭ ਤੋਂ ਪਹਿਲਾਂ ਕੇਂਦਰ ਸਰਕਾਰ ਨਾਲ ਇਸ ਮੰਤਵ ਲਈ ਐਮ.ਓ.ਯੂ ਸਾਈਨ ਕੀਤਾ ਹੈ ਅਤੇ ਇਸ ਐਪਲੀਕੇਸ਼ਨ ਵਿੱਚ ਲੋੜੀਂਦਾ ਡਾਟਾ ਐਂਟਰ ਕਰਨ ਲਈ ਪੰਜਾਬ ਵਿਧਾਨ ਸਭਾ ਨੂੰ

3/3/21
Principal Chief Reporter
Punjab Vidhan Sabha
Chandigrah

ਪਹਿਲਾ ਸਥਾਨ ਹਾਸਿਲ ਕਰਨ ਦਾ ਮਾਣ ਵੀ ਮਿਲ ਚੁੱਕਿਆ ਹੈ। ਇਸ ਸਮੇਂ ਪੰਜਾਬ ਲਈ ਕੇਂਦਰ ਸਰਦਾਰ ਨੇ 12 ਕਰੋੜ 31 ਲੱਖ ਰੁਪਏ ਦੇ ਅਨੁਮਾਨ ਦਾ ਇਹ ਪ੍ਰੋਜੈਕਟ ਮਨਜ਼ੂਰ ਕਰ ਦਿੱਤਾ ਹੈ ਜਿਸ ਵਿੱਚੋਂ 60 ਪ੍ਰਤੀਸ਼ਤ ਰਾਸ਼ੀ ਕੇਂਦਰ ਸਰਕਾਰ ਨੇ ਦੇਣੀ ਹੈ ਅਤੇ 40 ਪ੍ਰਤੀਸ਼ਤ ਰਾਸ਼ੀ ਪੰਜਾਬ ਸਰਕਾਰ ਨੇ ਦੇਣੀ ਹੈ। ਕੇਂਦਰ ਸਰਕਾਰ ਵੱਲੋਂ 20 ਪ੍ਰਤੀਸ਼ਤ ਪਹਿਲੀ ਕਿਸ਼ਤ ਵਜੋਂ 1,47,72,612 ਰੁਪਏ ਰਿਲੀਜ਼ ਕਰ ਦਿੱਤੇ ਗਏ ਹਨ ਅਤੇ ਸਾਡੀ ਸਰਕਾਰ ਨੇ ਵੀ ਆਪਣੇ ਸ਼ੇਅਰ ਦੀ ਰਕਮ ਇਸ ਮੰਤਵ ਲਈ ਰਿਲੀਜ਼ ਕਰ ਦਿੱਤੀ ਹੈ।

ਮਾਨਯੋਗ ਮੈਂਬਰਾਂ ਨੂੰ ਡਿਜ਼ੀਟਾਈਜ਼ਡ ਇਨਫਰਮੇਸ਼ਨ ਦੇਣ ਲਈ ਸਦਨ ਅੰਦਰ ਸਾਰੇ ਮੈਂਬਰਾਂ ਦੇ ਟੇਬਲਾਂ ਤੇ ਟੱਚ ਸਕਰੀਨ ਡਿਵਾਈਸ ਲਗਾਈਆਂ ਜਾਣਗੀਆਂ, ਜਿਨ੍ਹਾਂ ਨੂੰ ਇੰਟਰਨੈਟ ਨਾਲ ਜੋੜਨ ਵਾਸਤੇ ਇਸ ਚੈਂਬਰ ਅੰਦਰ ਵਾਈਫਾਈ ਨੋਡ ਲਗਾਈਆਂ ਜਾਣੀਆਂ ਹਨ। ਇਸ ਤੋਂ ਇਲਾਵਾ ਵਿਧਾਨ ਸਭਾ ਬਿਲਡਿੰਗ ਵਿੱਚ ਵਾਈਫਾਈ ਕੁਨੈਕਟੇਵਿਟੀ ਮੁਹੱਈਆ ਕਰਵਾਉਣ ਲਈ ਲੋੜੀਂਦੀਆਂ ਤਾਰਾਂ ਵੀ ਵਿਛਾਈਆਂ ਜਾਣੀਆਂ ਹਨ।

ਪੰਜਾਬ ਵਿਧਾਨ ਸਭਾ ਸਕੱਤਰੇਤ ਇਸ ਬਿਲਡਿੰਗ ਦੇ ਹੈਰੀਟੇਜ ਸਟੇਟਸ ਨੂੰ ਬਰਕਰਾਰ ਰੱਖਣ ਦੇ ਹਰ ਉਪਾਅ ਕਰੇਗਾ ਪਰ ਭਾਰਤ ਸਰਕਾਰ ਦੇ ਇਸ ਮਹੱਤਵਪੂਰਣ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਜੇਕਰ ਕਿਤੇ ਵੀ ਕਿਸੇ ਕਿਸਮ ਦੇ ਬਦਲਾਅ ਦੀ ਜਰੂਰਤ ਹੋਵੇਗੀ ਤਾਂ ਉਸ ਲਈ ਹਾਊਸ ਅਤੇ ਸਪੀਕਰ ਸਮਰਥ ਹਨ ਅਤੇ ਕਿਸੇ ਨੂੰ ਜਵਾਬਦੇਹ ਨਹੀਂ ਹਨ।

ਮੈਂ ਸਾਰੇ ਮਾਨਯੋਗ ਮੈਂਬਰਾਂ ਨੂੰ ਇਹ ਵੀ ਦੱਸਣਾ ਚਾਹੁੰਦਾ ਹਾਂ ਕਿ ਨੈਸ਼ਨਲ ਈ-ਵਿਧਾਨ ਐਪਲੀਕੇਸ਼ਨ ਦੀ ਮੋਬਾਈਲ ਐਪ ਵੀ ਮੌਜੂਦ ਹੈ ਅਤੇ ਇਸ ਨੂੰ ਐਂਡਰਾਇਡ ਯੂਜ਼ਰਜ਼ ਗੂਗਲ ਪਲੇਅ ਸਟੋਰ ਤੋਂ ਅਤੇ ਐਪਲ ਯੂਜ਼ਰਜ਼ ਐਪਲ ਸਟੋਰ ਤੋਂ ਇਹ ਐਪ ਡਾਊਨਲੋਡ ਕਰ ਸਕਦੇ ਹਨ। ਇਸ ਸੈਸ਼ਨ ਦੌਰਾਨ ਗਵਰਨਰ ਐਡਰੈਸ ਵਿਧਾਨ ਸਭਾ ਦੀ ਵੈਬ ਸਾਈਟ ਤੋਂ ਇਲਾਵਾ ਇਸ ਐਪ ਤੇ ਵੀ ਅਪਲੋਡ ਕਰ ਦਿੱਤਾ ਗਿਆ ਹੈ ਅਤੇ ਬਜਟ ਸਪੀਚ ਵੀ ਇਸ ਐਪ ਤੇ ਅਪਲੋਡ ਕਰ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਹੋਰ ਜਾਣਕਾਰੀ ਵੀ ਇਸ ਐਪ ਤੇ ਉਪਲਬਧ ਹੈ ਜੋ ਕਿ ਮੈਂਬਰ ਸਾਹਿਬਾਨ ਲਈ ਬਹੁਤ ਹੀ ਲਾਭਕਾਰੀ ਸਾਬਤ ਹੋਵੇਗੀ। ਕਿਉਂਕਿ ਇਸ ਸਮੇਂ ਸਦਨ ਦੇ ਅੰਦਰ ਟਚਸਕਰੀਨ ਡਿਵਾਈਸਿਜ਼ ਅਜੇ ਲੱਗਣੀਆਂ ਬਾਕੀ ਹਨ, ਇਸ ਲਈ ਇਸ ਐਪਲੀਕੇਸ਼ਨ ਦੀ ਵਰਤੋ ਕਰਨ ਲਈ ਮਾਨਯੋਗ ਮੈਂਬਰ ਸਦਨ ਅੰਦਰ ਆਪਣੇ ਮੋਬਾਈਲ ਫੋਨ ਦੀ ਵਰਤੋਂ ਕਰ ਸਕਦੇ ਹਨ।

ਸਾਡੀ ਕੋਸ਼ਿਸ਼ ਹੈ ਕਿ ਪੰਜਾਬ ਵਿਧਾਨ ਸਭਾ ਦਾ ਅਗਾਮੀ ਮੌਨਸੂਨ ਸੈਸ਼ਨ ਪੇਪਰਲੈਸ ਕਰ ਦਿੱਤਾ ਜਾਵੇ, ਜਿਸ ਨਾਲ ਕਰੋੜਾਂ ਰੁਪਏ ਦੀ ਬਚਤ ਹੋਣ ਦੇ ਨਾਲ-ਨਾਲ ਸਾਡੇ ਵਾਤਾਵਰਣ ਲਈ ਵੀ ਲਾਭਕਾਰੀ ਹੋਵੇਗਾ ਕਿਉਂਕਿ ਪੇਪਰ ਦੀ ਬਚਤ ਨਾਲ ਹਜ਼ਾਰਾਂ ਦਰਖਤਾਂ ਦੀ ਬਚਤ ਵੀ ਹੋਵੇਗੀ। ਪੇਪਰਲੈਸ ਵਿਧਾਨ ਸਭਾ ਦੇ ਇਸ ਪ੍ਰਾਜੈਕਟ ਨੂੰ ਲਾਗੂ ਕਰਨ ਤੋਂ ਪਹਿਲਾਂ ਸਾਰੇ ਮਾਨਯੋਗ ਮੈਂਬਰ ਸਾਹਿਬਾਨ ਨੂੰ ਲੋੜੀਂਦੀ ਟ੍ਰੇਨਿੰਗ ਦੇਣ ਦਾ ਬੰਦੋਬਸਤ ਵੀ ਕੀਤਾ ਜਾਵੇਗਾ ਅਤੇ ਹਰ ਕਿਸਮ ਦੀ ਸਹਾਇਤਾ ਅਤੇ ਸਾਧਨ ਮੁਹੱਈਆ ਕਰਾਏ ਜਾਣਗੇ।

ਮੈਂ ਆਸ ਕਰਦਾ ਹਾਂ ਕਿ ਤਕਨਾਲੋਜੀ ਦੇ ਦੌਰ ਵਿਚ ਸਮੇਂ ਦੇ ਹਾਣੀ ਬਣਨ ਲਈ ਸਾਰੇ ਮਾਨਯੋਗ ਮੈਂਬਰ ਸਹਿਯੋਗ ਕਰਨਗੇ।"

4. <u>ਧਿਆਨ ਦਿਵਾਊ ਨੋਟਿਸ</u>

1. ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ ਵਲੋਂ ਬੰਗਾ, ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਸਟੇਡੀਅਮ ਦੀ ਅਧੂਰੀ ਉਸਾਰੀ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 4)

ਸਥਾਨਕ ਸਰਕਾਰ ਅਤੇ ਸੰਸਦੀ ਮਾਮਲੇ ਮੰਤਰੀ ਨੇ ਜਵਾਬ ਦਿੱਤਾ।

2. ਸ਼੍ਰੀ ਅਮਨ ਅਰੋੜਾ, ਐਮ.ਐਲ.ਏ ਵਲੋਂ ਰਾਜ ਵਿੱਚ ਅਮਰੀਕਨ/ਐਚ.ਐਫ ਨਸਲ ਦੇ ਸਾਨ੍ਹਾਂ ਦੀ ਵਧ ਰਹੀ ਗਿਣਤੀ ਦੇ ਕਾਰਨ ਪੈਦਾ ਹੋਈ ਸਮੱਸਿਆ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 10)

ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਨੇ ਜਵਾਬ ਦਿੱਤਾ।

3. ਸ਼੍ਰੀ ਅਮਨ ਅਰੋੜਾ, ਐਮ.ਐਲ.ਏ ਵਲੋਂ ਰਾਜ ਵਿਚ ਲਾਊਡ ਸਪੀਕਰਾਂ ਦੁਆਰਾ ਹੁੰਦੇ ਸ਼ੋਰ-ਸ਼ਰਾਬੇ ਦੇ ਕਾਰਨ ਹੋ ਰਹੇ ਪ੍ਰਦੂਸ਼ਨ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 12)

ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਨੇ ਜਵਾਬ ਦਿੱਤਾ।

5. <u>ਨਿਯਮ ਕਮੇਟੀ ਦੀ ਰਿਪੋਰਟ ਮੁੜ ਪੇਸ਼ ਕਰਨਾ</u>

ਮਾਨਯੋਗ ਸਪੀਕਰ ਦੁਆਰਾ ਨਿਯਮ ਕਮੇਟੀ ਦੀ ਰਿਪੋਰਟ ਮੇਜ਼ ਤੇ ਮੁੜ ਰੱਖੀ ਗਈ ਜਿਵੇਂ ਕਿ ਪੰਜਾਬ ਵਿਧਾਨ ਸਭਾ ਵਿੱਚ ਕਾਰਜਵਿਧੀ ਅਤੇ ਕਾਰਜ ਸੰਚਾਲਨ ਨਿਯਮਾਂਵਲੀ ਦੇ ਨਿਯਮ 232(1) ਅਧੀਨ ਲੋੜੀਂਦਾ ਹੈ।

6. **ਸਕੱਤਰ ਵਲੋਂ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਆਯੋਗਤਾ) ਨਿਯਮ, 2020 ਮੇਜ਼ ਤੇ ਮੁੱੜ ਰੱਖਣਾ**

ਸਕੱਤਰ ਦੁਆਰਾ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਅਯੋਗਤਾ) ਨਿਯਮ, 2020 ਜੋ ਕਿ ਭਾਰਤ ਦੇ ਸੰਵਿਧਾਨ ਦੀ ਦਸਵੀਂ ਅਨੁਸੂਚੀ ਦੇ ਪੈਰ੍ਹਾ 8 ਦੁਆਰਾ ਪ੍ਰਦਾਨ ਕੀਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸਪੀਕਰ, ਪੰਜਾਬ ਵਿਧਾਨ ਸਭਾ ਦੁਆਰਾ ਫਰੇਮ ਕੀਤੇ ਗਏ ਹਨ, ਸਦਨ ਦੀ ਮੇਜ਼ ਤੇ ਮੁੜ ਰੱਖੇ ਗਏ, ਜਿਵੇਂ ਕਿ ਪੈਰ੍ਹਾ 8 ਦੇ ਉਪ-ਪੈਰ੍ਹਾ (2) ਅਧੀਨ ਲੋੜੀਂਦਾ ਹੈ।

7. **ਰਿਪੋਰਟਾਂ ਪੇਸ਼ ਕਰਨਾ**

1. ਵਿਸ਼ੇਸ਼ ਅਧਿਕਾਰ ਕਮੇਟੀ ਦੇ ਸਭਾਪਤੀ (ਸਰਦਾਰ ਕੁਸ਼ਲਦੀਪ ਸਿੰਘ ਢਿਲੋਂ) ਨੇ ਵਿਸ਼ੇਸ਼ ਅਧਿਕਾਰ ਦੇ ਉਠਾਏ ਗਏ ਮਾਮਲਿਆਂ ਸੰਬੰਧੀ ਨਿਮਨਲਿਖਤ ਤੀਸਰੀ/ਅੱਠਵੀਂ/ਨੌਵੀਂ/ਦਸਵੀਂ ਅੰਤਰਿਮ ਰਿਪੋਰਟਾਂ ਪੇਸ਼ ਕੀਤੀਆਂ:

   i) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

   ii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

   iii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

   iv) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਵਲੋਂ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ;

   v) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ;

   vi) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰਾਂ ਦੇ ਵਿਰੁੱਧ; ਅਤੇ

   vii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ ਦੇ ਵਿਰੁੱਧ।

8. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VII ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 8 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

9. **ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਅਤੇ ਬਹਿਸ**

ਡਾਕਟਰ ਰਾਜ ਕੁਮਾਰ ਵੇਰਕਾ, ਮੈਂਬਰ, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਪੇਸ਼ ਕੀਤਾ ਗਿਆ ਜਿਸ ਦੀ ਸਰਦਾਰ ਹਰਮਿੰਦਰ ਸਿੰਘ ਗਿੱਲ, ਮੈਂਬਰ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜ੍ਹਤਾ ਕੀਤੀ ਗਈ:-

> " ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 1 ਮਾਰਚ, 2021 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ ।"

ਇਸ ਉਪਰੰਤ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਡਾਕਟਰ ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 30 ਮਿੰਟ |
| 2. | ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ | 41 ਮਿੰਟ |
| 3. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 15 ਮਿੰਟ |
| 4. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 14 ਮਿੰਟ |
| 5. | ਸਰਦਾਰ ਗੁਰਕੀਰਤ ਸਿੰਘ ਕੋਟਲੀ, ਇੰਡੀਅਨ ਨੈਸ਼ਨਲ ਕਾਂਗਰਸ | 14 ਮਿੰਟ |
| 6. | ਸਰਦਾਰ ਬਲਦੇਵ ਸਿੰਘ ਕਲਿਆਣ, ਆਮ ਆਦਮੀ ਪਾਰਟੀ | 08 ਮਿੰਟ |
| 7. | ਸਰਦਾਰ ਕੁਲਜੀਤ ਸਿੰਘ ਨਾਗਰਾ, ਸਲਾਹਕਾਰ/ਮੁੱਖ ਮੰਤਰੀ | 38 ਮਿੰਟ |

8. ਸ਼੍ਰੀ ਐਨ.ਕੇ. ਸ਼ਰਮਾ, ਸ਼੍ਰੋਮਣੀ ਅਕਾਲੀ ਦਲ 06 ਮਿੰਟ

ਸਦਨ ਦੇ ਸਥਗਿਤ ਹੋ ਜਾਣ ਕਾਰਣ ਮਾਨਯੋਗ ਮੈਂਬਰ ਸ਼੍ਰੀ ਐਨ.ਕੇ.ਸ਼ਰਮਾ ਮਿਤੀ 3 ਮਾਰਚ, 2021 ਨੂੰ ਬਹਿਸ ਜਾਰੀ ਰੱਖਣਗੇ।

ਮਾਨਯੋਗ ਡਿਪਟੀ ਸਪੀਕਰ ਨੇ 1.04 ਵਜੇ ਬਾਅਦ ਦੁਪਹਿਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਬੁੱਧਵਾਰ, ਮਿਤੀ 3 ਮਾਰਚ, 2021 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

ਚੰਡੀਗੜ:
02 ਮਾਰਚ, 2021

ਸ਼ਸ਼ੀ ਲਖਨਪਾਲ ਮਿਸ਼ਰਾ
ਸਕੱਤਰ।